**ਪੰਜਾਬ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ ਅਥਾਰਿਟੀ ਦੀ ਕਾਰਜਕਾਰੀ ਕਮੇਟੀ ਦੀ ਮਿਤੀ 12.10.2010 ਨੂੰ ਹੋਈ ਦੂਸਰੀ ਮੀਟਿੰਗ ਦੀ ਕਾਰਵਾਈ।**

ਮਿਤੀ 12.10.2010 ਨੂੰ ਮੁੱਖ ਸਕੱਤਰ, ਪੰਜਾਬ, ਸ਼੍ਰੀ ਸੁਬੋਧ ਚੰਦਰ ਅਗਰਵਾਲ, ਆਈ.ਏ.ਐਸ. ਜੀ ਦੀ ਪ੍ਰਧਾਨਗੀ ਹੇਠ ਪੰਜਾਬ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ ਅਥਾਰਿਟੀ ਦੀ ਕਾਰਜਕਾਰੀ ਕਮੇਟੀ ਦੀ ਦੂਸਰੀ ਮੀਟਿੰਗ ਹੋਈ।

ਇਸ ਮੀਟਿੰਗ ਵਿੱਚ ਹੇਠ ਅਨੁਸਾਰ ਮੈਂਬਰ ਵੀ ਸ਼ਾਮਿਲ ਸਨ :-

| ਲੜੀ ਨੰ | ਅਧਿਕਾਰੀ ਦਾ ਨਾਮ ਅਤੇ ਅਹੁਦਾ | ਅਹੁਦਾ |
|---|---|---|
| 1 | ਸ਼੍ਰੀ ਕੇ.ਬੀ.ਐਸ. ਸਿੱਧੂ, ਆਈ.ਏ.ਐਸ.<br>ਪ੍ਰਮੁੱਖ ਸਕੱਤਰ (ਵਿੱਤ), ਪੰਜਾਬ, ਚੰਡੀਗੜ੍ਹ । | ਮੈਂਬਰ |
| 2 | ਡਾ. ਐਸ.ਐਸ. ਸੰਧੂ, ਆਈ.ਏ.ਐਸ.<br>ਸਕੱਤਰ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਵਿਭਾਗ<br>ਪੰਜਾਬ, ਚੰਡੀਗੜ੍ਹ। | ਮੈਂਬਰ |
| 3 | ਸ਼੍ਰੀ ਐਸ. ਐਸ. ਰਾਜਪੂਤ, ਆਈ.ਏ.ਐਸ.<br>ਸਕੱਤਰ ਸਥਾਨਕ ਸਰਕਾਰ, ਪੰਜਾਬ, ਚੰਡੀਗੜ੍ਹ। | ਮੈਂਬਰ |
| 4 | ਸ਼੍ਰੀ ਮਨਜੀਤ ਸਿੰਘ ਬਰਾੜ, ਪੀ.ਸੀ.ਐਸ.<br>ਵਧੀਕ ਮੁੱਖ ਪ੍ਰਸ਼ਾਸਕ (ਮੁ.ਦ.), ਪੁੱਡਾ, ਐਸ.ਏ.ਐਸ. ਨਗਰ ।<br>(ਮੁੱਖ ਪ੍ਰਸ਼ਾਸਕ ਪੁੱਡਾ ਜੀ ਦੇ ਛੁੱਟੀ ਤੇ ਹੋਣ ਕਾਰਣ ਉਨ੍ਹਾਂ ਦਾ ਨੁਮਾਇੰਦਾ) | ਮੈਂਬਰ ਸਕੱਤਰ |
| 5 | ਸ਼੍ਰੀ ਕੁਲਦੀਪ ਸਿੰਘ ਧਾਲੀਵਾਲ<br>ਮੁੱਖ ਨਗਰ ਯੋਜਨਾਕਾਰ, ਪੰਜਾਬ, ਚੰਡੀਗੜ੍ਹ। | ਮੈਂਬਰ |

**ਮੀਟਿੰਗ ਵਿੱਚ ਹੇਠ ਦਰਸਾਏ ਗਏ ਲੜੀਵਾਰ ਅਜੰਡਾ ਆਈਟਮ ਵਿਚਾਰੇ ਗਏ :-**

**ਅਜੰਡਾ ਆਈਟਮ ਨੰ: 2.01**

**ਵਿਸ਼ਾ:** **ਪੰਜਾਬ ਸ਼ਹਿਰੀ ਯੋਜਨਬੰਦੀ ਅਤੇ ਵਿਕਾਸ ਅਥਾਰਿਟੀ ਦੀ ਕਾਰਜਕਾਰੀ ਕਮੇਟੀ ਦੀ ਹੋਈ ਪਹਿਲੀ ਮੀਟਿੰਗ ਦੀ ਕਾਰਵਾਈ ਦੀ ਪੁਸ਼ਟੀ ਕਰਨ ਬਾਰੇ।**

ਕਮੇਟੀ ਵਲੋਂ ਕਾਰਵਾਈ ਦੀ ਪੁਸ਼ਟੀ ਕੀਤੀ ਗਈ।

**ਅਜੰਡਾ ਆਈਟਮ ਨੰ: 2.02**

**ਵਿਸ਼ਾ:** **ਡਿਵੈਲਪਮੈਂਟ ਐਂਡ ਇੰਪਲੀਮੈਂਟੇਸ਼ਨ ਆਫ ਈ-ਗਵਰਨੈਂਸ ਇਨ ਪੁੱਡਾ ਐਂਡ ਅਦਰ ਅਥਾਰਿਟੀਜ ।**

ਕਮੇਟੀ ਵੱਲੋਂ ਇਸ ਮੱਦ ਤੇ ਪ੍ਰਵਾਨਗੀ ਦਿੱਤੀ ਗਈ ।

ਕਮੇਟੀ ਵੱਲੋਂ ਮੀਟਿੰਗ ਦੌਰਾਨ ਪੁੱਡਾ ਦੀ ਕਾਰਜਕਾਰੀ ਕਮੇਟੀ ਦੀ ਮੀਟਿੰਗ ਵਿੱਚ ਲਏ ਜਾਣ ਵਾਲੇ ਫੈਸਲਿਆਂ ਨੂੰ ਲਾਗੂ ਕਰਨ ਲਈ ਮੁੱਖ ਪ੍ਰਸ਼ਾਸਕ, ਪੁੱਡਾ ਨੂੰ ਨਾਮਜਦ ਕਰਨ ਸਬੰਧੀ ਫੈਸਲਾ ਕੀਤਾ ਗਿਆ।

*ਮੀਟਿੰਗ ਧੰਨਵਾਦ ਸਹਿਤ ਖਤਮ ਕੀਤੀ ਗਈ ।*

ਐਸ.ਸੀ. ਅਗਰਵਾਲ, ਆਈ.ਏ.ਐਸ.
ਮੁੱਖ ਸਕੱਤਰ, ਪੰਜਾਬ ਸਰਕਾਰ
ਚੰਡੀਗੜ੍ਹ ।